ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫ਼ਸਰ, ਮੋਗਾ

# ਮਿਥੇ ਸਮੇਂ 'ਚ ਸੇਵਾਵਾਂ ਦੇਣ ਸਦਕਾ ਲੋਕਾਂ ਲਈ ਵਰਦਾਨ ਜ਼ਿਲ੍ਹਾ ਮੋਗਾ ਦੇ ਸਾਂਝ ਕੇਂਦਰ

- **ਪੁਲਿਸ ਆਮ ਲੋਕਾਂ ਨਾਲ ਸਾਂਝ ਅਤੇ ਤਾਲ-ਮੇਲ ਵਧਾਉਣ ਵਿੱਚ ਸਫ਼ਲ-ਮੁਖਵਿੰਦਰ ਸਿੰਘ ਭੁੱਲਰ**
- **ਬੀਤੇ ਸਾਲ ਦੌਰਾਨ 62,892 ਲੋਕਾਂ ਨੂੰ ਨਿਰਧਾਰਤ ਸਮੇਂ 'ਚ ਸੇਵਾਵਾਂ ਪ੍ਰਦਾਨ**

ਮੋਗਾ 19 ਜਨਵਰੀ:

ਆਮ ਲੋਕਾਂ ਅਤੇ ਪੁਲਿਸ ਦਰਮਿਆਨ ਤਾਲ-ਮੇਲ ਵਧਾਉਣ ਤੇ ਲੋਕਾਂ ਦੀਆਂ ਦੁੱਖ-ਤਕਲੀਫਾਂ ਦਾ ਨਿਪਟਾਰਾ ਪਹਿਲ ਦੇ ਅਧਾਰ 'ਤੇ ਕਰਨ ਲਈ ਪੰਜਾਬ ਸਰਕਾਰ ਵੱਲੋਂ ਲਾਗੂ ਕੀਤੇ ਸਾਂਝ ਪ੍ਰਾਜੈਕਟ ਨੂੰ ਜ਼ਿਲ੍ਹਾ ਮੋਗਾ 'ਚ ਭਾਰੀ ਸਫ਼ਲਤਾ ਮਿਲ ਰਹੀ ਹੈ। ਜ਼ਿਲ੍ਹੇ ਅੰਦਰ ਸਾਂਝ ਕੇਂਦਰਾਂ ਨੇ ਬੀਤੇ ਸਾਲ 1 ਜਨਵਰੀ ਤੋਂ 31 ਦਸੰਬਰ, 2015 ਤੱਕ 62,892 ਲੋਕਾਂ ਨੂੰ ਅਹਿਮ ਸੇਵਾਵਾਂ ਪ੍ਰਦਾਨ ਕੀਤੀਆਂ ਹਨ।

ਇਸ ਬਾਰੇ ਜਾਣਕਾਰੀ ਦਿੰਦਿਆਂ ਸੀਨੀਅਰ ਪੁਲਿਸ ਕਪਤਾਨ ਮੋਗਾ ਸ. ਮੁਖਵਿੰਦਰ ਸਿੰਘ ਭੁੱਲਰ ਨੇ ਦੱਸਿਆ ਕਿ ਸਾਂਝ ਪ੍ਰਾਜੈਕਟ ਜ਼ਰੀਏ ਜ਼ਿਲ੍ਹਾ ਪੁਲਿਸ ਆਮ ਲੋਕਾਂ ਨਾਲ ਸਾਂਝ ਅਤੇ ਤਾਲ-ਮੇਲ ਵਧਾਉਣ 'ਚ ਸਫ਼ਲ ਰਹੀ ਹੈ। ਇਸ ਮੌਕੇ ਇੰਸਪੈਕਟਰ ਬਲਦੇਵ ਸਿੰਘ ਵੀ ਮੌਜੂਦ ਸਨ। ਸ. ਭੁੱਲਰ ਨੇ ਦੱਸਿਆ ਕਿ ਮੋਗਾ ਵਿਖੇ ਜ਼ਿਲ੍ਹਾ ਪੱਧਰੀ ਸਾਂਝ ਕੇਂਦਰ ਦਫ਼ਤਰ ਐਸ.ਐਸ.ਪੀ (ਸੀ.ਪੀ.ਆਰ.ਸੀ), ਸਬ ਡਵੀਜਨ ਪੱਧਰ 'ਤੇ ਸਿਟੀ ਮੋਗਾ, ਬਾਘਾਪੁਰਾਣਾ, ਨਿਹਾਲ ਸਿੰਘ ਵਾਲਾ ਅਤੇ ਧਰਮਕੋਟ ਵਿਖੇ ਸਥਾਪਤ ਸਾਂਝ ਕੇਂਦਰ ਅਤੇ ਲਗਭੱਗ ਇੱਕ ਦਰਜਨ ਪੁਲਿਸ ਥਾਣਿਆਂ ਵਿੱਚ ਖੋਲ੍ਹੇ ਗਏ ਆਊਟ-ਰੀਚ ਸੈਂਟਰ ਲੋਕਾਂ ਲਈ ਵਰਦਾਨ ਸਾਬਤ ਹੋ ਰਹੇ ਹਨ।

ਸ੍ਰ. ਭੁੱਲਰ ਨੇ ਦੱਸਿਆ ਕਿ ਆਧੁਨਿਕ ਸਹੂਲਤਾਂ ਅਤੇ ਕੰਪਿਊਟ੍ਰਾਈਜ਼ਡ ਪ੍ਰਣਾਲੀ ਨਾਲ ਲੈਸ ਸਾਂਝ ਕੇਂਦਰਾਂ ਵਿਖੇ ਪੰਜਾਬ ਸੇਵਾ ਅਧਿਕਾਰ ਐਕਟ-2011 ਅਧੀਨ ਪੁਲਿਸ ਵਿਭਾਗ ਨਾਲ ਸਬੰਧਤ 41 ਸੇਵਾਵਾਂ ਅਤੇ ਕੁੱਝ ਹੋਰ ਲੋੜੀਂਦੀਆਂ ਸੇਵਾਵਾਂ ਇੱਕ ਛੱਤ ਅਤੇ ਇੱਕ ਖਿੜਕੀ 'ਤੇ ਸੁਖਾਵੇਂ ਮਾਹੌਲ 'ਚ ਪ੍ਰਦਾਨ ਕਰਵਾਈਆਂ ਜਾ ਰਹੀਆਂ ਹਨ। ਉਨ੍ਹਾਂ ਦੱਸਿਆ ਕਿ 1 ਜਨਵਰੀ ਤੋਂ 31 ਦਸੰਬਰ, 2015 ਤੱਕ 62,892 ਲੋਕਾਂ ਨੂੰ ਨਿਰਧਾਰਤ ਸਮਾਂ-ਸੀਮਾ ਅੰਦਰ ਵੱਖ-ਵੱਖ ਸੇਵਾਵਾਂ ਪ੍ਰਦਾਨ ਕੀਤੀਆਂ ਗਈਆਂ। ਇੰਨ੍ਹਾਂ 'ਚ ਵਿਦੇਸੀਆਂ ਦੇ ਆਉਣ ਤੇ ਜਾਣ ਸਮੇਂ ਦੀ ਰਜਿਸਟਰੇਸ਼ਨ 653, ਵਿਦੇਸੀਆਂ ਦੀ ਠਹਿਰ 'ਚ ਵਾਧਾ 305, ਐਫ.ਆਈ.ਆਰ ਤੇ ਡੀ.ਡੀ.ਆਰ ਦੀਆਂ 20,186 ਨਕਲਾਂ ਪ੍ਰਦਾਨ ਕਰਨਾ ਪ੍ਰਮੁੱਖ ਰੂਪ ਵਿੱਚ ਸ਼ਾਮਿਲ ਹਨ। ਇਸ ਤੋਂ ਇਲਾਵਾ ਪਾਸਪੋਰਟ ਪੜਤਾਲਾਂ 27,028, ਕਿਰਾਏਦਾਰਾਂ, ਸਥਾਨਕ ਤੇ ਬਾਹਰਲੇ ਰਾਜਾਂ ਜਾਂ ਜਿਲ੍ਹੇ ਦੀਆਂ ਪੜਤਾਲਾਂ, ਹੋਰ ਪੜਤਾਲਾਂ, ਆਮ ਚਾਲ-ਚੱਲਣ ਤਸਦੀਕ, ਗੱਡੀਆਂ ਦੇ ਇਤਰਾਜ਼-ਹੀਣਤਾ ਸਰਟੀਫਿਕੇਟ 12,728, ਅਸਲਾ ਲਾਇਸੰਸ ਨਵਿਆਉਣ ਲਈ 588, ਨਵੇਂ ਅਸਲਾ ਲਾਇਸੰਸ ਦੀ ਤਸਦੀਕ ਲਈ 1,301, ਪੈਟਰੋਲ ਪੰਪ ਅਤੇ ਸਿਨੇਮਾ ਹਾਲ ਆਦਿ ਦੀ ਸਥਾਪਨਾ ਲਈ 12, ਹਥਿਆਰਾਂ ਦੇ ਡੀਲਰਾਂ ਨੂੰ ਲਾਇਸੰਸ ਜਾਰੀ ਨਵਿਆਉਣ ਲਈ, ਮੇਲਿਆਂ ਤੇ ਪ੍ਰਦਰਸਨੀਆਂ ਲਈ ਅਤੇ ਲਾਊਡ ਸਪੀਕਰਾਂ ਦੀ ਵਰਤੋਂ ਲਈ 01, ਇਤਰਾਜ਼-ਹੀਣਤਾ ਸਰਟੀਫੀਕੇਟ ਜਾਰੀ ਕੀਤੇ ਗਏ, ਜਦੋਂ ਕਿ ਵਿਦੇਸ਼ਾਂ 'ਚ ਪਾਸਪੋਰਟ ਗੁੰਮਸੁਦਗੀ (ਐਮ.ਆਰ.ਜੀ) ਸਬੰਧੀ 90 ਪੜਤਾਲਾਂ ਕੀਤੀਆਂ ਗਈਆਂ ਹਨ।

ਸੀਨੀਅਰ ਪੁਲਿਸ ਕਪਤਾਨ ਨੇ ਦੱਸਿਆ ਕਿ ਪੁਲਿਸ ਦੇ ਵਰਤਾਓ ਵਿੱਚ ਸੁਧਾਰ ਲਿਆਉਣਾ ਵੀ ਇਸ ਪ੍ਰਾਜੈਕਟ 'ਚ ਸ਼ਾਮਿਲ ਹੈ ਅਤੇ ਆਮ ਲੋਕਾਂ ਵੱਲੋਂ ਬੇ-ਝਿਜਕ ਹੋ ਕੇ ਆਪਣੀਆਂ ਦੁੱਖ ਤਕਲੀਫਾਂ ਦੱਸਣ ਲਈ ਇੰਨ੍ਹਾਂ ਸਾਂਝ ਕੇਂਦਰਾਂ ਤੇ ਆਊਟ ਰੀਚ ਸੈਂਟਰਾਂ 'ਚ ਪੁਲਿਸ ਕਰਮਚਾਰੀ ਵੱਖਰੀ ਸਿਵਲ ਡਰੈਸ 'ਚ ਤਾਇਨਾਤ ਹਨ। ਇੰਨ੍ਹਾਂ ਸੈਂਟਰਾਂ ਦਾ ਕੰਮ ਪਾਰਦਰਸ਼ੀ ਅਤੇ ਵਧੀਆ ਤਰੀਕੇ ਨਾਲ ਚਲਾਉਣ ਲਈ ਹਰ ਵਰਗ ਦੇ ਸੂਝਵਾਨ, ਰਾਜਸੀ, ਸਮਾਜ ਸੇਵੀ ਅਤੇ ਬੁੱਧੀਜੀਵੀ ਵਿਅਕਤੀਆਂ ਦੇ ਸਹਿਯੋਗ ਨਾਲ ਘਰੇਲੂ ਝਗੜੇ, ਮਾਰ-ਕੁਟਾਈ, ਦਾਜ ਦੀ ਮੰਗ ਅਤੇ ਵਿਆਹੀਆਂ ਲੜਕੀਆਂ ਨੂੰ ਛੱਡਣਾ, ਭਰੂਣ-ਹੱਤਿਆ ਲਈ ਮਜਬੂਰ ਕਰਨ ਸਮੇਤ

ਔਰਤਾਂ ਅਤੇ ਬੱਚਿਆਂ ਨਾਲ ਸਬੰਧਤ ਸਮੱਸਿਆਵਾਂ ਨੂੰ ਸੁਲਝਾਇਆ ਜਾਂਦਾ ਹੈ। ਉਨ੍ਹਾਂ ਕਿਹਾ ਕਿ ਦੇਖਣ ਵਿੱਚ ਆਇਆ ਹੈ ਕਿ ਜਦ ਲੋਕ ਆਪਣੇ ਘਰ ਨੌਕਰ ਜਾਂ ਠੇਕੇਦਾਰ ਆਪਣੇ ਪ੍ਰੋਜੈਕਟਾਂ ਲਈ ਮਜਦੂਰ ਰੱਖਦੇ ਹਨ, ਤਾਂ ਉਹ ਉਨ੍ਹਾਂ ਬਾਰੇ ਪੁਲਿਸ ਨੂੰ ਜਾਣੂ ਕਰਾਉਣ ਜਾਂ ਉਨ੍ਹਾਂ ਦੀ ਪੜਤਾਲ ਕਰਾਉਣਾ ਜ਼ਰੂਰੀ ਨਹੀਂ ਸਮਝਦੇ, ਜੋ ਕਿ ਗਲਤ ਹੈ। ਵੱਖ-ਵੱਖ ਖੇਤਰਾਂ ਵਿੱਚੋਂ ਲਿਆਂਦੇ ਨੌਕਰ ਅਤੇ ਮਜਦੂਰ ਹੀ 70 ਫੀਸਦੀ ਅਪਰਾਧਿਕ ਮਾਮਲਿਆਂ ਵਿੱਚ ਸ਼ਾਮਿਲ ਹੁੰਦੇ ਹਨ। ਅਜਿਹੇ ਲੋਕਾਂ ਦੀ ਪੁਲਿਸ ਕੋਲ ਰਜਿਸਟ੍ਰੇਸ਼ਨ ਹੋਣ ਨਾਲ ਕਾਫੀ ਹੱਦ ਤੱਕ ਅਪਰਾਧਾਂ ਨੂੰ ਠੱਲ ਪਾਈ ਜਾ ਸਕਦੀ ਹੈ। ਇਸ ਲਈ ਅਜਿਹੀ ਰਜਿਸਟ੍ਰੇਸ਼ਨ ਵੱਧ ਤੋਂ ਵੱਧ ਕਰਵਾਈ ਜਾਣੀ ਚਾਹੀਦੀ ਹੈ ਅਤੇ ਲੋਕਾਂ ਤੇ ਠੇਕੇਦਾਰਾਂ ਨੂੰ ਵੀ ਇਸ ਮਾਮਲੇ 'ਚ ਨਿੱਜੀ ਜਿੰਮੇਵਾਰੀ ਸਮਝਣੀ ਚਾਹੀਦੀ ਹੈ। ਉਹਨਾਂ ਲੋਕਾਂ ਨੂੰ ਅਪੀਲ ਕੀਤੀ ਕਿ ਇਨ੍ਹਾਂ ਸਾਂਝ ਕੇਂਦਰਾਂ/ਆਊਟ ਰੀਚ ਸੈਂਟਰਾਂ ਤੋਂ ਵੱਧ ਤੋਂ ਵੱਧ ਲਾਭ ਉਠਾਇਆ ਜਾਵੇ।

------------------

ਨੰ: ਪੀ.ਆਰ (ਪ੍ਰੈ ਰੀ)-2016/29

**ਤਸਵੀਰ 1** ਜ਼ਿਲ੍ਹਾ ਸਾਂਝ ਕੇਂਦਰ ਮੋਗਾ ਤੋਂ ਸੇਵਾਵਾਂ ਪ੍ਰਾਪਤ ਕਰ ਰਹੇ ਲੋਕ।

